# ਪੰਜਾਬ ਸਕੂਲ ਸਿੱਖਿਆ ਬੋਰਡ

ਵਿਦਿਆ ਭਵਨ, ਫੇਜ਼-8, ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062

(ਅਕਾਦਮਿਕ ਸ਼ਾਖਾ)

ਵੱਲ

ਪੰਜਾਬ ਰਾਜ ਦੇ ਸਮੂਹ ਪ੍ਰਿੰਸੀਪਲ/ਮੁੱਖ ਅਧਿਆਪਕਾਂ/ਮੁੱਖੀ
ਸੀਨੀਅਰ ਸੈਕੰਡਰੀ ਤੇ ਹਾਈ ਸਕੂਲ।

ਨੰ: ਪਸਸਬ-ਅਕਾਦਮਿਕ-2017/7966/ ਮਿਤੀ : 27-03-2017.

ਵਿਸ਼ਾ:- ਦਾਖਲਾ ਸਾਲ 2017-18 ਲਈ ਨੌਵੀਂ, ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦਾ ਦਾਖਲਾ ਸ਼ਡਿਊਲ।

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਾਖਲਾ ਸਾਲ 2017-18 ਲਈ ਨੌਵੀਂ, ਦਸਵੀਂ, ਗਿਆਰਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦਾ ਦਾਖਲਾ ਸਡਿਊਲ ਹੇਠ ਲਿਖੇ ਅਨੁਸਾਰ ਨਿਰਧਾਰਿਤ ਕੀਤਾ ਗਿਆ ਹੈ :-

| ਸ਼੍ਰੇਣੀ | ਦਾਖਲੇ ਦੀ ਅੰਤਿਮ ਮਿਤੀ |
|---|---|
| ਨੌਵੀ, ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ | 01-04-2017 ਤੋਂ 15-05-2017 |

2. ਦਾਖਲਾ ਸਾਲ ਆਰੰਭ ਕਰਨ ਦੀ ਮਿਤੀ ਆਮ ਵਾਂਗ ਪਹਿਲੀ ਅਪ੍ਰੈਲ ਹੋਵੇਗੀ।
3. ਨੌਵੀਂ, ਦਸਵੀਂ, ਗਿਆਰਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਦਾ ਦਾਖਲਾ ਮਿਤੀ 01-04-2017 ਤੋਂ ਸ਼ੁਰੂ ਹੋਵੇਗਾ।
4. ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਪਾਸ/ਫੇਲ ਹੋਏ ਵਿਦਿਆਰਥੀ ਨਤੀਜਾ ਨਿਕਲਣ ਤੋਂ 15 ਦੇ ਅੰਦਰ-ਅੰਦਰ ਜਾਂ ਜੇ ਸਕੂਲ ਸਿੱਖਿਆ ਵਿਭਾਗ ਵੱਲੋਂ ਜਾਰੀ ਸ਼ਡਿਊਲ ਮੁਤਾਬਿਕ ਛੁੱਟੀਆਂ ਹੋਣ ਤਾਂ ਸਕੂਲ ਖੁੱਲ੍ਹਣ ਤੋਂ ਬਾਅਦ 10 ਦਿਨਾਂ ਦੇ ਅੰਦਰ ਦਾਖਲਾ ਲੈ ਸਕਦੇ ਹਨ .
5. ਸੰਸਥਾ ਮੁੱਖੀ ਲੇਟ ਦਾਖਲਾ ਲੈਣ ਵਾਲੇ ਵਿਦਿਆਰਥੀ ਦੀਆਂ ਦਾਖਲਾ ਲੈਣ ਦੀ ਮਿਤੀ ਤੋਂ 75% ਹਾਜ਼ਰੀਆਂ ਹੋਣੀਆਂ ਯਕੀਨੀ ਬਣਾਉਣਗੇ।
6. ਸਮੂਹ ਸਕੂਲ/ਸੰਸਥਾ ਮੁੱਖੀ, ਦੂਜੇ ਰਾਜਾਂ ਤੋਂ ਅੱਠਵੀਂ, ਨੌਵੀਂ, ਦਸਵੀਂ ਅਤੇ ਗਿਆਰਵੀਂ ਸ਼੍ਰੇਣੀ ਪਾਸ ਕਰਕੇ ਆਏ ਵਿਦਿਆਰਥੀਆਂ ਲਈ ਦਾਖ਼ਲੇ ਦੀ ਅੰਤਿਮ ਮਿਤੀ ਨਿਕਲਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਪੰਜਾਬ ਬੋਰਡ ਦੀ ਅਕਾਦਮਿਕ ਸ਼ਾਖਾ ਤੋਂ ਸਮਾਨਤਾ ਪੱਤਰ ਲੈਣਾ ਯਕੀਨੀ ਬਣਾਉਣਗੇ।
7. ਸਮੂਹ ਸਕੂਲ/ਸੰਸਥਾ ਮੁੱਖੀ ਉਪਰੋਕਤ ਦਾਖਲਾ ਸ਼ਡਿਊਲ ਦੀ ਇੰਨ-ਬਿੰਨ ਪਾਲਣਾ ਕਰਨ ਦੀ ਖੇਚਲ ਕਰਨ।

ਮਨਜੀਤ ਕ.
ਡਾਇਰੈਕਟਰ (ਅਕਾਦਮਿਕ)
ਪੰਜਾਬ ਸਕੂਲ ਸਿੱਖਿਆ ਬੋਰਡ

ਪਿੱਠ ਨੰ : ਪਸਸਬ-ਸੁ-ਅਕਾਦਮਿਕ-2017-7967-76 ਮਿਤੀ : 27-03-2017.

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਚੇਅਰਮੈਨ ਜੀ ਦੇ ਓ.ਐਸ.ਡੀ, ਵਾਈਸ ਚੇਅਰਮੈਨ, ਸਕੱਤਰ ਅਤੇ ਡਾਇਰੈਕਟਰ (ਅਕਾਦਮਿਕ) ਜੀ ਦੇ ਨਿੱਜੀ ਸਕੱਤਰਾਂ ਨੂੰ ਚੇਅਰਮੈਨ ਜੀ, ਵਾਈਸ ਚੇਅਰਮੈਨ, ਸਕੱਤਰ ਅਤੇ ਡਾਇਰੈਕਟਰ (ਅਕਾਦਮਿਕ) ਦੀ ਸੂਚਨਾ ਹਿੱਤ
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ, ਪੰਜਾਬ, ਐੱਸ.ਏ.ਐੱਸ ਨਗਰ
3. ਡੀ.ਪੀ.ਆਈ (ਸੈਕੰਡਰੀ) ਪੰਜਾਬ, ਐੱਸ.ਏ.ਐੱਸ ਨਗਰ
4. ਪੰਜਾਬ ਰਾਜ ਦੇ ਸਮੂਹ ਸਰਕਲ ਸਿੱਖਿਆ ਅਫ਼ਸਰਾਂ ਅਤੇ ਜਿਲ੍ਹਾ ਸਿੱਖਿਆ ਅਫ਼ਸਰਾਂ (ਸੈ.ਸਿ.) ਨੂੰ
5. ਸਹਾਇਕ ਸਕੱਤਰ ਰਜਿਸ਼ਟਰੇਸ਼ਨ/ਮਾਈਗਰੇਸ਼ਨ ਸ਼ਾਖਾ ਅਤੇ ਕੰਪਿਊਟਰ ਸ਼ਾਖਾ ਪੰਜਾਬ ਸਕੂਲ ਸਿੱਖਿਆ ਬੋਰਡ।

27.3.17
ਸੁਪਰਡੰਟ (ਅਕਾਦਮਿਕ)
ਪੰਜਾਬ ਸਕੂਲ ਸਿੱਖਿਆ ਬੋਰਡ।